**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 09-02-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ 'ਪਰੀਕਸ਼ਾ ਪੇ ਚਰਚਾ "ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨਾਲ ਗੱਲਬਾਤ ਕਰਨਗੇ।
- ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ, ਕੇਂਦਰ ਨੂੰ ਪੰਜਾਬ ਵਿੱਚ ਅਨੁਸੂਚਿਤ ਜਾਤੀਆਂ ਲਈ ਭਲਾਈ ਯੋਜਨਾਵਾਂ ਨੂੰ ਹੋਰ ਮਜ਼ਬੂਤ ਕਰਨ ਦੀ ਕੀਤੀ ਅਪੀਲ ।
- ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬੀ ਨੌਜਵਾਨਾਂ ਨੂੰ, ਗਲਤ ਰਸਤਿਆਂ ਜਰੀਏ ਵਿਦੇਸ਼ਾਂ ਵਿੱਚ ਜਾਣ ਦੀ ਕੋਸ਼ਿਸ਼, ਨਾ ਕਰਨ ਦੀ ਅਪੀਲ ਕੀਤੀ ਏ।

- ਪੰਜਾਬ ਸਰਕਾਰ ਨੇ ਸੂਬੇ ਦੇ 15 ਬਿਰਧ ਘਰਾਂ ਲਈ ਵਿੱਤੀ ਸਾਲ 2024-25 ਵਾਸਤੇ, 4 ਕਰੋੜ 21 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ।
- ਥਾਈਲੈਂਡ ਵਿੱਚ, ਚੱਲ ਰਹੇ ਪੈਰਾ-ਤੀਰ ਅੰਦਾਜ਼ੀ ਏਸ਼ੀਆ ਕੱਪ 'ਚ, ਭਾਰਤੀ ਪੈਰਾ-ਤੀਰਅੰਦਾਜ਼ਾਂ ਨੇ ਅੱਜ ਰਿ-ਕਰਵ ਓਪਨ ਅਤੇ ਕੰਪਾਊਂਡ ਓਪਨ ਮਿਕਸਡ ਟੀਮ ਮੁਕਾਬਲਿਆਂ ਵਿੱਚ, ਦੋ ਸੋਨ ਤਮਗੇ ਜਿੱਤੇ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ 'ਪਰੀਕਸ਼ਾ ਪੇ ਚਰਚਾ "ਪ੍ਰੋਗਰਾਮ ਤਹਿਤ ਵੱਖ-ਵੱਖ ਵਿਦਿਆਰਥੀਆਂ ਨਾਲ ਗੱਲਬਾਤ ਕਰਨਗੇ। 8ਵਾਂ 'ਪਰੀਕਸ਼ਾ ਪੇ ਚਰਚਾ ਪ੍ਰੋਗ੍ਰਾਮ' ਕਲ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋਵੇਗਾ । ਇਹ ਪ੍ਰੋਗਰਾਮ, ਇਸ ਵਾਰ ਇੱਕ ਨਵੇਂ ਫਾਰਮੈਟ ਵਿੱਚ ਅੱਠ ਐਪੀਸੋਡਾਂ ਵਿੱਚ ਕਰਾਇਆ ਜਾਵੇਗਾ । ਇੱਕ ਬਿਆਨ ਵਿੱਚ, ਸਿੱਖਿਆ ਮੰਤਰਾਲੇ ਨੇ ਕਿਹਾ ਕਿ ਪ੍ਰੋਗਰਾਮ ਦੇ ਨਵੇਂ ਫਾਰਮੈਟ ਤਹਿਤ, ਵਖ-ਵਖ ਖੇਤਰਾਂ ਦੀਆਂ ਨਾਮਵਰ ਸ਼ਖਸੀਅਤਾਂ,

ਵਿਦਿਆਰਥੀਆਂ ਨਾਲ ਗੱਲਬਾਤ ਕਰਨਗੀਆਂ ਅਤੇ ਆਪਣਾ ਤਜ਼ਰਬਾ ਤੇ ਗਿਆਨ ਸਾਂਝਾ ਕਰਨਗੀਆਂ। ਮੰਤਰਾਲੇ ਨੇ ਦੱਸਿਆ ਏ, ਕਿ ਇਸ ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਸਿਧੇ ਗੱਲਬਾਤ ਕਰਨ ਲਈ, ਹਰੇਕ ਸੂਬੇ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਵੱਖ-ਵੱਖ ਸਕੂਲਾਂ ਤੋਂ 36 ਵਿਦਿਆਰਥੀਆਂ ਨੂੰ ਚੁਣਿਆ ਗਿਆ ਏ । ਇਸ ਵਿੱਚ ਕਿਹਾ ਗਿਆ ਏ ਕਿ ਪਹਿਲੇ ਐਪੀਸੋਡ ਵਿੱਚ ਪ੍ਰਧਾਨ ਮੰਤਰੀ, ਵਿਦਿਆਰਥੀਆਂ ਨਾਲ ਗੱਲਬਾਤ ਕਰਨਗੇ। ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਦੂਰਦਰਸ਼ਨ, ਸਵੈਯੰਮ , ਸਵੈਯੰਮ ਪ੍ਰਭਾ , ਪ੍ਰਧਾਨ ਮੰਤਰੀ ਦੇ ਦਫਤਰ ਦੇ ਯੂ-ਟਿਊਬ ਚੈਨਲ ਅਤੇ ਸਿੱਖਿਆ ਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲਿਆਂ ਦੇ ਸੋਸ਼ਲ ਮੀਡੀਆ ਚੈਨਲਾਂ 'ਤੇ ਕੀਤਾ ਜਾਵੇਗਾ। ਪਰੀਕਸ਼ਾ ਪੇ ਚਰਚਾ, ਇੱਕ ਰਾਬਤੇ ਵਾਲਾ ਪ੍ਰੋਗਰਾਮ ਏ, ਜਿਸ ਵਿੱਚ ਭਾਰਤ ਅਤੇ ਵਿਦੇਸ਼ਾਂ ਤੋਂ ਵਿਦਿਆਰਥੀ, ਮਾਪੇ ਅਤੇ ਅਧਿਆਪਕ, ਇਮਤਿਹਾਨਾਂ ਤੋਂ ਪੈਦਾ ਹੋਣ ਵਾਲੇ ਤਣਾਅ ਅਤੇ ਇਸ ਨੂੰ ਦੂਰ ਕਰਨ ਤੇ ਜੀਵਨ ਨੂੰ ਉਤਸਵ ਦੇ ਰੂਪ ਵਿੱਚ ਮਨਾਉਣ ਲਈ, ਪ੍ਰਧਾਨ ਮੰਤਰੀ ਨਾਲ ਗੱਲਬਾਤ

---------------------------------------------------

ਆਰਟੀਫਿਸ਼ਲ ਇੰਟੇਲਿਜੇਂਸ 'ਤੇ ਦੋ ਦਿਨਾ ਐਕਸ਼ਨ ਸਿਖਰ ਸੰਮੇਲਨ ਕਲ ਤੋਂ ਪੈਰਿਸ 'ਚ ਸ਼ੁਰੂ ਹੋਣ ਜਾ ਰਿਹਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਫ੍ਰਾਂਸ ਦੇ ਰਾਸ਼ਟਰਤਪੀ ਐਮਨੁਅਲ ਮਕਰੋਂ ਨਾਲ ਇਸ ਸਿਖਰ ਸੰਮੇਲਨ ਦੀ ਸਾਂਝੇ ਰੂਪ 'ਚ ਪ੍ਰਧਾਨਗੀ ਕਰਨ ਲਈ ਕਲ ਪੈਰਿਸ ਲਈ ਰਵਾਨਾ ਹੋਣਗੇ। ਇਸ ਸਿਖਰ ਸੰਮੇਲਨ 'ਚ ਦੁਨਿਆ ਭਰ ਦੇ ਨੇਤਾ, ਸਨਅਤਕਾਰ , ਅਤੇ ਖੋਜਕਰਤਾ ਸ਼ਾਮਿਲ ਹੋਣਗੇ।

---------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਸ਼ਸਕਤੀਕਰਨ ਅਤੇ ਘੱਟ ਗਿਣਤੀਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦਿੱਲੀ ਵਿੱਚ ਕੇਂਦਰੀ ਮੰਤਰੀ ਅਤੇ ਵੱਖ-ਵੱਖ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੰਤਰੀਆਂ ਨਾਲ ਇੱਕ ਉੱਚ-ਪੱਧਰੀ ਮੀਟਿੰਗ ਨੂੰ ਸੰਬੋਧਨ ਕੀਤਾ । ਇਸ ਦੌਰਾਨ ਉਨ੍ਹਾਂ ਪੰਜਾਬ ਨੂੰ ਦਰਪੇਸ਼ ਵੱਖ-ਵੱਖ ਚੁਣੌਤੀਆਂ ਨੂੰ ਉਜਾਗਰ ਕੀਤਾ ਅਤੇ ਭਾਰਤ ਸਰਕਾਰ ਨੂੰ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਮੁੱਖ ਨੀਤੀਗਤ ਸੁਧਾਰਾਂ ਨੂੰ ਲਾਗੂ ਕਰਨ ਦੀ ਅਪੀਲ ਕੀਤੀ। ਉਨਾਂ ਨੇ ਇਸ

ਪਹਿਲਕਦਮੀ ਲਈ ਭਾਰਤ ਸਰਕਾਰ ਦੀ ਸ਼ਲਾਘਾ ਕੀਤੀ ਅਤੇ ਜ਼ੋਰ ਦਿੰਦਿਆਂ ਕਿਹਾ ਕਿ ਹਰੇਕ ਸੂਬੇ ਦੀਆਂ ਆਪੋ-ਆਪਣੀਆਂ ਚੁਣੌਤੀਆਂ ਹੰਦੀਆਂ ਹਨ ਅਤੇ ਇਹ ਮੰਚ ਸੂਬਿਆਂ ਨੂੰ ਆਪਣੀਆਂ ਵਿਸ਼ੇਸ਼ ਸਮੱਸਿਆਵਾਂ ਨੂੰ ਪ੍ਰਗਟ ਕਰਨ ਦਾ ਮੌਕਾ ਪ੍ਰਦਾਨ ਕਰਦਾ ਏ । ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਵਿੱਚ ਅਨੁਸੂਚਿਤ ਜਾਤੀਆਂ ਦੀ ਆਬਾਦੀ ਲਗਭਗ 32 ਫੀਸਦੀ ਏ , ਜੋ ਕਿ ਭਵਿੱਖ ਵਿੱਚ ਹੋਰ ਵੀ ਵਧਣ ਦੀ ਸੰਭਾਵਨਾ ਏ । ਉਨਾਂ ਕਿਹਾ ਕਿ ਇਸ ਆਬਾਦੀ ਦੇ ਮੱਦੇਨਜ਼ਰ ਆਦਰਸ਼ ਗ੍ਰਾਮ ਯੋਜਨਾ ਅਧੀਨ ਪਿੰਡਾਂ ਲਈ ਗੈਪ ਫਿਲਿਗ ਫੰਡ ਵਜੋਂ ਨਿਰਧਾਰ ਕੀਤਾ ਗਿਆ 20 ਲੱਖ ਪ੍ਰਤੀ ਪ੍ਰੋਜੈਕਟ ,ਘੱਟੋ-ਘੱਟ ਇਕ ਕਰੋੜ ਤੱਕ ਵਧਾਇਆ ਜਾਣਾ ਚਾਹੀਦਾ ਏ ਕਿਉਂਕਿ ਮੌਜੂਦਾ ਫੰਡ ਵਿਆਪਕ ਬੁਨਿਆਦੀ ਢਾਂਚੇ ਦੇ ਵਿਕਾਸ, ਖਾਸ ਕਰਕੇ ਸੜਕ ਨਿਰਮਾਣ ਲਈ ਕਾਫੀ ਨਹੀਂ ਏ । ਉਨਾਂ ਇਹ ਵੀ ਦੱਸਿਆ ਕਿ ਸਮਾਜਿਕ ਨਿਆਂ ਵਿਭਾਗ, ਯੋਜਨਾਵਾਂ ਨੂੰ ਲਾਗੂ ਕਰਨ ਲਈ ਪੇਂਡੂ ਵਿਕਾਸ ਵਿਭਾਗ ‘ਤੇ ਨਿਰਭਰ ਏ , ਜਿਸ ਕਾਰਨ ਕਈ ਪ੍ਰਸ਼ਾਸਕੀ ਰੁਕਾਵਟਾਂ ਸਾਹਮਣੇ ਆ ਰਹੀਆਂ। ਇਸ ਮੁੱਦੇ ਨੂੰ ਨਜਿੱਠਣ ਲਈ, ਉਨਾਂ ਨੇ ਭਾਰਤ ਸਰਕਾਰ ਨੂੰ

ਸਮਾਜਿਕ ਨਿਆਂ ਵਿਭਾਗ ਅਧੀਨ, ਜ਼ਿਲਾ ਅਤੇ ਸੂਬਾ ਪੱਧਰ ‘ਤੇ ਇੱਕ ਸਮਰਪਿਤ ਤਕਨੀਕੀ ਇਕਾਈ ਸਥਾਪਤ ਕਰਨ ਲਈ ਵਿਸਤ੍ਰਿਤ ਦਿਸ਼ਾ-ਨਿਰਦੇਸ਼ ਜਾਰੀ ਕਰਨ ਦੀ ਵੀ ਅਪੀਲ ਕੀਤੀ ਤਾਂ ਜੋ ਪ੍ਰੋਜੈਕਟ ਲਾਗੂ ਕਰਨ ਨੂੰ ਯਕੀਨੀ ਬਣਾਇਆ ਜਾ ਸਕੇ। ਮੰਤਰੀ ਨੇ ਕਿਹਾ ਕਿ ਲਾਭਪਾਤਰੀਆਂ ਲਈ ਵਿੱਤੀ ਸਹਾਇਤਾ ਨੂੰ 50 ਹਜ਼ਾਰ ਤੋਂ ਵਧਾ ਕੇ ਇਕ ਲੱਖ ਰੁਪਏ ਕੀਤਾ ਜਾਵੇ ਕਿਉਂਕਿ ਮੌਜੂਦਾ ਰਕਮ, ਪ੍ਰਧਾਨ ਮੰਤਰੀ ਰੁਜ਼ਗਾਰ ਉਤਪਤੀ ਯੋਜਨਾ ਵਰਗੀਆਂ ਹੋਰ ਯੋਜਨਾਵਾਂ ਦੇ ਮੁਕਾਬਲੇ ਨਾਕਾਫੀ ਏ। ਉਨਾਂ ਇਹ ਵੀ ਬੇਨਤੀ ਕੀਤੀ ਕਿ ਇਸ ਵਿੱਤੀ ਸਹਾਇਤਾ ਨੂੰ ਕਰਜ਼ੇ ਦੇ ਹਿੱਸੇ ਤੋਂ ਵੱਖ ਰੱਖਿਆ ਜਾਵੇ, ਕਿਉਂਕਿ ਬਹੁਤ ਸਾਰੇ ਲਾਭਪਾਤਰੀ ਆਰਥਿਕ ਤੌਰ ‘ਤੇ ਕਮਜੋਰ ਵਰਗ ਨਾਲ ਸਬੰਧਤ ਨੇ ਜਿਨਾਂ ਨੂੰ ਕਰਜ਼ਾ ਲੈਣ ਲਈ ਢੁਕਵੇਂ ਅਸਾਮਿਆਂ ਦੀ ਘਾਟ ਰਹਿੰਦੀ ਏ। ਉਨਾਂ ਪੰਜਾਬ ਲਈ ਵਿੱਤੀ ਘਾਟ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਯੋਜਨਾ ਤਹਿਤ 3 ਹਜ਼ਾਰ 293 ਪਿੰਡ ਚੁਣੇ ਗਏ ਸਨ, ਜਿਨਾਂ ਦੀ ਕੁੱਲ ਬਕਾਇਆ ਰਕਮ 684 ਕਰੋੜ ਰੁਪਏ ਏ। ਜਦਕਿ ਭਾਰਤ ਸਰਕਾਰ ਤੋਂ ਹੁਣ ਤੱਕ ਸਿਰਫ 61 ਕਰੋੜ ਰੁਪਏ ਹੀ ਪ੍ਰਾਪਤ ਹੋਏ

ਹਨ। ਉਨਾਂ ਭਾਰਤ ਸਰਕਾਰ ਨੂੰ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨ ਲਈ ਬਕਾਇਆ 583 ਕਰੋੜ ਰੁਪਏ ਤੁਰੰਤ ਜਾਰੀ ਕੀਤੇ ਜਾਣ ਦੀ ਅਪੀਲ ਕੀਤੀ।

-----------------------------------------------------------

ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬੀ ਨੌਜਵਾਨਾਂ ਨੂੰ, ਗਲਤ ਰਸਤਿਆਂ ਜਰੀਏ ਵਿਦੇਸ਼ਾਂ ਵਿੱਚ ਜਾਣ ਦੀ ਕੋਸ਼ਿਸ਼ ਨਾ ਕਰਨ ਦੀ ਅਪੀਲ ਕੀਤੀ ਏ। ਬੀਤੇ ਦਿਨੀਂ ਅਮਰੀਕਾ ਜਾਂਦੇ ਹੋਏ ਗੁਆਟੇ-ਮਾਲਾ ਵਿੱਚ ਮਾਰੇ ਗਏ ਨੌਜਵਾਨ ਦੇ ਪਰਿਵਾਰ ਨਾਲ ਦੁੱਖ ਪ੍ਰਗਟ ਕਰਨ ਲਈ ਉਹਨਾਂ ਦੇ ਗ੍ਰਹਿ ਰਮਦਾਸ ਵਿਖੇ ਪਹੁੰਚੇ ਸ੍ਰੀ ਧਾਲੀਵਾਲ ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਗਲਤ ਰਸਤਿਆਂ ਜ਼ਰੀਏ ਵਿਦੇਸ਼ਾਂ ਵਿੱਚ ਨਾ ਭੇਜਣ। ਉਹਨਾਂ ਕਿਹਾ ਕਿ ਇਹ ਰਸਤੇ ਬੇਹਦ ਖਤਰਨਾਕ ਅਤੇ ਖਰਚੇ ਵਾਲੇ ਨੇ। ਜੇਕਰ ਕਿਸੇ ਨੇ ਵਿਦੇਸ਼ ਜਾਣਾ ਏ ਤਾਂ ਉਹ ਪੜ ਲਿਖ ਕੇ , ਹੁਨਰਮੰਦ ਸਿੱਖਿਆ ਲੈ ਕੇ ਜਾਵੇ, ਜਿਸ ਜ਼ਰੀਏ ਉਸਦਾ ਖਰਚਾ ਵੀ ਘੱਟ ਆਉਂਦਾ ਏ ਅਤੇ ਕੋਈ ਖਤਰਾ ਵੀ ਨਹੀਂ ਹੁੰਦਾ। ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਉਹਨਾਂ ਨੇ ਪਰਿਵਾਰ

ਨੂੰ ਇਹ ਵੀ ਭਰੋਸਾ ਦਵਾਇਆ ਕਿ ਉਹ ਗੁਰਪ੍ਰੀਤ ਸਿੰਘ ਦੀ ਮ੍ਰਿਤਕ ਦੇਹ ਨੂੰ ਪੰਜਾਬ ਲਿਆਉਣ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।

---------------------------------------------------------

ਪੰਜਾਬ ਸਰਕਾਰ ਵਲੋਂ ਬੇਸਹਾਰਾ ਬਜ਼ੁਰਗਾਂ ਨੂੰ ਸੁਰੱਖਿਅਤ ਪਨਾਹ ਪ੍ਰਦਾਨ ਕਰਨ ਲਈ, ਸਾਰੇ ਜ਼ਿਲ੍ਹਿਆਂ ਵਿੱਚ ਬਿਰਧ ਘਰ ਸਥਾਪਤ ਕੀਤੇ ਨੇ । ਸਰਕਾਰ ਵੱਲੋਂ ਸੂਬੇ ਦੇ 15 ਬਿਰਧ ਘਰਾਂ ਲਈ ਵਿੱਤੀ ਸਾਲ 2024-25 ਲਈ 4 ਕਰੋੜ 21 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਏ । ਸਮਾਜਿਕ ਸੁਰੱਖਿਆ,ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹਨਾਂ ਬਿਰਧ ਘਰਾਂ ਵਿੱਚ ਕੋਈ ਵੀ ਬਜੁਰਗ ਰਹਿ ਸਕਦਾ ਏ , ਜਿੱਥੇ ਉਨ੍ਹਾਂ ਦੇ ਰਿਹਾਇਸ਼, ਕੱਪੜੇ, ਭੋਜਨ ਅਤੇ ਹੋਰ ਲੋੜੀਦੀਆਂ ਜ਼ਰੂਰਤਾਂ ਮੁਫਤ ਪ੍ਰਦਾਨ ਕੀਤੀਆਂ ਜਾਂਦੀਆਂ ਨੇ । ਇਸ ਮੰਤਵ ਲਈ ਵਿਭਾਗ ਵੱਲੋਂ ਗੈਰ-ਸਰਕਾਰੀ ਸੰਸਥਾਵਾਂ ਦੇ ਸਹਿਯੋਗ ਨਾਲ ਬਿਰਧ ਘਰ ਚਲਾਏ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਬਰਨਾਲਾ ਅਤੇ ਮਾਨਸਾ ਜ਼ਿਲ੍ਹਿਆਂ ਵਿੱਚ 75 ਬਜੁਰਗਾਂ ਦੀ ਸਮਰੱਥਾ ਵਾਲੇ ਬਿਰਧ ਘਰਾਂ ਦੀ ਉਸਾਰੀ ਕੀਤੀ ਜਾ ਰਹੀ

ਏ। ਇਹ ਬਿਰਧ ਘਰ 17 ਕਰੋੜ 34 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ ਹਨ ਜੋ ਜਲਦ ਹੀ ਮੁਕੰਮਲ ਕੀਤੇ ਜਾਣਗੇ। ਇਹਨਾਂ ਉਸਾਰੇ ਜਾਣ ਵਾਲੇ ਬਿਰਧ ਘਰਾਂ ਵਿਚ ਬਜ਼ੁਰਗਾਂ ਲਈ ਅਨੁਕੂਲ ਮਾਹੌਲ ਸਿਰਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗ ਸਾਡੇ ਸਮਾਜ ਦਾ ਅਹਿਮ ਹਿੱਸਾ ਨੇ ਅਤੇ ਉਹਨਾਂ ਦੀ ਸਿਹਤ ਸੰਭਾਲ ਕਰਨੀ ਸਾਡੀ ਨੈਤਿਕ ਜਿੰਮੇਵਾਰੀ ਏ।

---------------------------------------------------------

ਸ੍ਰੀ ਗੁਰੂ ਰਵਿਦਾਸ ਜੀ ਦੇ 648 ਵੇਂ ਪ੍ਰਕਾਸ ਪਰਵ ਨੂੰ ਸਮਰਪਿਤ ਪਠਾਨਕੋਟ ਜ਼ਿਲੇ ਦੇ ਪਿੰਡ ਅਖਰੋਟਾ ਵਿਖੇ ਸ਼ੋਭਾ ਯਾਤਰਾ ਕੱਢੀ ਗਈ।

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਸੋਭਾ ਯਾਤਰਾ ਵਿੱਚ ਸ਼ਾਮਿਲ ਹੋਏ। ਸ਼ੋਭਾ ਯਾਤਰਾ ਪਿੰਡ ਪਿੰਡ ਭਾਦਾਂ , ਭਰਿਆਲ ਲਾਹੜੀ, ਹੁੰਦੀ ਹੋਈ ਅਖਰੋਟਾ ਵਿਖੇ ਸਮਾਪਤ ਕੀਤੀ ਗਈ। ਸੋਭਾ ਯਾਤਰਾ ਦੋਰਾਨ ਪਿੰਡ ਨਸਿਹਰਾ ਵਿਖੇ ਗੁਰੂ ਦਾ ਲੰਗਰ ਵੀ ਲਗਾਇਆ ਗਿਆ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅਜਿਹੇ ਸਮਾਗਮ ਸਾਨੂੰ ਸਾਰਿਆ

ਨੂੰ ਮਿਲ ਕੇ ਮਨਾਉਂਦੇ  ਹੋਏ ਮਾਨਵਤਾ ਅਤੇ ਸਾਂਝੀਵਾਲਤਾ ਦਾ ਸੰਦੇਸ ਦੇਣਾ ਚਾਹੀਦਾ ਏ ।

-----------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਇੱਕ ਨਾਬਾਲਿਗ ਨੌਜਵਾਨ ਨੂੰ 10 ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਏ । ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਮੁਲਜ਼ਮ ਪਿਸਤੌਲ ਸਪਲਾਈ ਕਰਨ ਲਈ ਇਲਾਕੇ ਵਿੱਚ ਘੁੰਮ ਰਿਹਾ ਏ । ਕ੍ਰਾਈਮ ਬ੍ਰਾਂਚ ਦੀ ਟੀਮ ਨੇ ਮੁਲਜ਼ਮ ਨੂੰ ਘਾਹ ਮੰਡੀ ਨੇੜੇ ਕਾਬੂ ਕਰ ਕੀਤਾ ।  ਪੁੱਛਗਿੱਛ ਦੌਰਾਨ ਇਹ ਖੁਲਾਸਾ ਹੋਇਆ ਕਿ ਮੁਲਜ਼ਮ ਨੇ ਸੋਸ਼ਲ ਮੀਡੀਆ ਤੋਂ ਦੇਸੀ ਪਿਸਤੌਲ ਬਣਾਉਣਾ ਸਿੱਖਿਆ ਸੀ। ਪੁਲਿਸ ਦੋਸ਼ੀ ਨਾਬਾਲਿਗ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਵੇਗੀ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਹ ਇਹ ਹਥਿਆਰ ਕਿਸ ਨੂੰ ਸਪਲਾਈ ਕਰਨ ਵਾਲਾ ਸੀ ਅਤੇ ਇਸ ਨੈੱਟਵਰਕ ਵਿੱਚ ਹੋਰ ਕਿਹੜੇ ਲੋਕ ਸ਼ਾਮਲ ਹਨ।

-----------------------------------------------------------

ਪਟਿਆਲਾ ਸਥਿਤ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ

ਯੂਨੀਵਰਸਿਟੀ ਵੱਲੋਂ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਅਨੁਭਵ ਵਾਲੀਆ ਦੀ ਅਗਵਾਈ ਹੇਠ 7 ਦਿਨਾਂ NSS ਕੈਂਪ ਦਾ ਆਯੋਜਨ ਕੀਤਾ ਗਿਆ। ਐਨ.ਐਸ.ਐਸ ਵਲੰਟੀਅਰਾਂ ਅਤੇ ਸਟਾਫ ਮੈਂਬਰਾਂ ਨੇ ਪਟਿਆਲਾ ਦੇ ਸਿਓਣਾ, ਲਚਕਣੀ, ਆਲੋਵਾਲ, ਰੋੜੇਵਾਲ ਸਾਹਿਬ, ਸਿੱਧੂਵਾਲ ਅਤੇ ਲੰਗ ਸਮੇਤ ਕਈ ਪਿੰਡਾਂ 'ਚ ਸਮਰਪਿਤ ਕੈਂਪ ਲਗਾਏ। ਕੈਂਪ ਵਿੱਚ ਜਾਗਰੂਕਤਾ ਪੈਦਾ ਕਰਨ ਅਤੇ ਆਪਸੀ ਭਾਈਚਾਰੇ ਦੇ ਉਦੇਸ਼ ਨਾਲ ਕਈ ਤਰ੍ਹਾਂ ਦੀਆਂ ਪ੍ਰਭਾਵਸ਼ਾਲੀ ਗਤੀਵਿਧੀਆਂ ਕੀਤੀਆਂ ਗਈਆਂ। ਇਸ ਦੌਰਾਨ ਨੁੱਕੜ ਨਾਟਕ-ਨਸ਼ਾ ਛੁਡਾਊ, ਇਕੋ ਵਾਰ ਇਸਤੇਮਾਲ ਹੋਣ ਵਾਲੇ ਪਲਾਸਟਿਕ ਦੇ ਖ਼ਤਰੇ ਅਤੇ ਸਾਖਰਤਾ ਦੀ ਮਹੱਤਤਾ ਵਰਗੇ ਮਹੱਤਵਪੂਰਨ ਮੁਦੇ ਵੀ ਉਜਾਗਰ ਕੀਤੇ ਗਏ । ਇਸੇ ਤਰ੍ਹਾਂ ਪਿੰਡਾਂ ਦੇ ਅੰਦਰ ਸਫਾਈ ਅਤੇ ਸਿਹਤ ਨੂੰ ਉਤਸ਼ਾਹਿਤ ਕਰਨ ਲਈ ਸਫਾਈ ਮੁਹਿੰਮ ਵਿੱਢੀ ਗਈ। ਨਸ਼ਾ ਛੁਡਾਊ 'ਤੇ ਰੈਲੀਆਂ ਵੀ ਕੀਤੀਆਂ ਗਈਆਂ। ਰਾਉਂਡ ਗਲਾਸ ਫਾਊਂਡੇਸ਼ਨ ਵਿਖੇ ਸੱਭਿਆਚਾਰਕ ਗਤੀਵਿਧੀਆਂ ਅਤੇ ਵਾਤਾਵਰਣ ਪੱਖੀ ਮੁਹਿੰਮ ਨੂੰ ਉਤਸ਼ਾਹਿਤ ਕੀਤਾ ਗਿਆ।

---------------------------------------------------------------

ਮੁਹਾਲੀ ਜ਼ਿਲਾ ਪ੍ਰਸ਼ਾਸ਼ਨ ਵਲੋਂ ਜ਼ਿਲੇ 'ਚ ਗੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾ ਰਹੀ ਏ । ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਮੀਆਂਪੁਰ ਚੰਗਰ ਖੇਤਰ 'ਚ ਗੈਰ-ਕਾਨੂੰਨੀ ਮਾਈਨਿੰਗ ਦੀ ਸੂਚਨਾ ਮਿਲਣ ਮਗਰੋਂ ਜ਼ਿਲ੍ਹਾ ਪੁਲੀਸ ਨੂੰ ਅਗਲੇਰੀ ਜਾਂਚ ਸ਼ੁਰੂ ਕਰਨ ਲਈ ਐਫ.ਆਈ.ਆਰ. ਦਰਜ ਲਈ ਕਿਹਾ ਗਿਆ ਏ । ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਵਿੱਚ ਕਿਸੇ ਨੂੰ ਵੀ ਗੈਰ-ਕਾਨੂੰਨੀ ਮਾਈਨਿੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖਣਨ ਗਤੀਵਿਧੀਆਂ ਦਾ ਰਿਕਾਰਡ ਲੈਣ ਲਈ ਸੂਰਜ ਸੈੱਟ ਤੋਂ ਬਾਅਦ ਜ਼ਿਲ੍ਹੇ ਵਿੱਚ ਕੋਈ ਮਾਈਨਿੰਗ ਗਤੀਵਿਧੀਆਂ ਨਹੀਂ ਹੋਣਗੀਆਂ। ਇਸ ਤੋਂ ਇਲਾਵਾ, ਗੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਨੂੰ ਰੋਕਣ ਲਈ ਸੀਸੀਟੀਵੀ ਕੈਮਰੇ ਦੀ ਨਿਗਰਾਨੀ ਸਮੇਤ ਸਾਰੀਆਂ ਸਾਵਧਾਨੀਆਂ ਵਰਤਣ ਲਈ ਕਿਹਾ ਗਿਆ ਏ ।

-----------------------------------------------------

ਪਟਿਆਲਾ ਵਿਰਾਸਤੀ ਮੇਲਾ 13 ਫਰਵਰੀ ਤੋਂ ਸ਼ੁਰੂ ਹੋਣ ਜਾ ਰਿਹਾ ਏ । ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਪਟਿਆਲਾ ਵਿਰਾਸਤੀ ਮੇਲੇ ਦੇ ਸਮਾਗਮ 13 ਫਰਵਰੀ ਨੂੰ ਬਾਰਾਂਦਰੀ ਬਾਗ ਵਿਖੇ ਈਟ ਰਾਈਟ ਮੇਲਾ ਤੇ ਵਾਕਾਥੋਨ ਨਾਲ ਸ਼ੁਰੂ ਹੋਣਗੇ । ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਇਸ ਮੇਲੇ ਦਾ ਉਦਘਾਟਨ ਕਰਨਗੇ। ਇਸ ਮੌਕੇ ਵਿਰਾਸਤੀ ਖੁਰਾਕ ਉਤਸਵ ਤੇ ਫੁੱਲਾਂ ਦੇ ਮੇਲੇ 'ਚ ਪਟਿਆਲਾ ਦੇ ਸਟਰੀਟ ਫੂਡ ਤੇ ਲਜ਼ੀਜ਼ ਪਕਵਾਨਾਂ ਦੀਆਂ ਸਟਾਲਾਂ ਵੀ ਲਗਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ 13 ਫਰਵਰੀ ਦੀ ਸ਼ਾਮ 6 ਵਜੇ ਇਤਿਹਾਸਕ ਨਾਟਕ 'ਸਰਹਿੰਦ ਦੀ ਦੀਵਾਰ' ਦਾ ਮੰਚਨ ਹਰਪਾਲ ਟਿਵਾਣਾ ਕਲਾ ਕੇਂਦਰ ਨਾਭਾ ਰੋਡ ਵਿਖੇ ਹੋਵੇਗਾ। 14 ਫਰਵਰੀ ਨੂੰ ਹੈਰੀਟੇਜ ਵਾਕ ਕਰਵਾਈ ਜਾਵੇਗੀ। 15 ਫਰਵਰੀ ਨੂੰ ਪਟਿਆਲਾ ਏਵੀਏਸ਼ਨ ਕੰਪਲੈਕਸ ਸਿਵਲ ਏਅਰੋ-ਡਰਮ ਵਿਖੇ ਏਅਰੋ ਸ਼ੋਅ ਹੋਵੇਗਾ, ਇਸ 'ਚ ਹਵਾਈ ਜਹਾਜ ਨਾਲ ਫੁੱਲਾਂ ਦੀ ਵਰਖਾ, ਮਾਈਕਰੋ ਲਿਟ ਏਅਰ-ਕਰਾਫਟ ਫਲਾਇੰਗ, ਹੌਟ ਏਅਰ ਬਲੂਨਿੰਗ ਰਾਈਡ, ਪੈਰਾ-

ਗਲਾਇਡਿੰਗ ਸ਼ੋਅ ਤੇ ਏਅਰੋ ਮਾਡਲਿੰਗ ਸ਼ੋਅ ਹੋਵੇਗਾ। ਉਨ੍ਹਾਂ ਦੱਸਿਆ ਕਿ 15 ਫਰਵਰੀ ਦੀ ਸ਼ਾਮ ਨੂੰ ਕਿਲ੍ਹਾ ਮੁਬਾਰਕ ਵਿਖੇ ਰਵਾਇਤੀ ਪੰਜਾਬੀ ਪਹਿਰਾਵੇ ਦੇ ਫ਼ੈਸ਼ਨ ਸ਼ੋਅ 'ਰੰਗ ਪੰਜਾਬ ਦੇ' ਵਿੱਚ ਪੰਜਾਬੀ ਪਹਿਰਾਵੇ ਤੇ ਗਹਿਣਿਆਂ ਦੇ ਅਮੀਰ ਵਿਰਸੇ ਦੀ ਪ੍ਰਦਰਸ਼ਨੀ ਹੋਵੇਗੀ। ਪਟਿਆਲਾ ਹੈਰੀਟੇਜ ਉਤਸਵ ਦੇ ਅਖੀਰ ਵਿੱਚ 16 ਫਰਵਰੀ ਨੂੰ ਖਾਲਸਾ ਕਾਲਜ ਵਿਖੇ ਪਟਿਆਲਾ ਮਿਲਟਰੀ ਲਿਟਰੇਚਰ ਫੈਸਟੀਵਲ ਹੋਵੇਗਾ ਅਤੇ ਸ਼ਾਮ 6 ਵਜੇ ਕਿਲ੍ਹਾ ਮੁਬਾਰਕ ਵਿਖੇ ਸ਼ਾਸ਼ਤਰੀ ਸੰਗੀਤ ਦੀ ਸ਼ਾਮ ਵਿੱਚ ਵਿਸ਼ਵ ਪ੍ਰਸਿੱਧ ਸਿਤਾਰ ਵਾਦਕ ਨਿਲਾਦਰੀ ਕੁਮਾਰ ਵੱਲੋਂ ਸਿਤਾਰ ਵਾਦਨ ਤੇ ਉਘੇ ਤਬਲਾ ਵਾਦਕ ਸੱਤਿਆਜੀਤ ਤਲਵਾਲਕਰ ਵੱਲੋਂ ਤਬਲੇ ਦੀ ਪੇਸ਼ਕਾਰੀ ਦਿੱਤੀ ਜਾਵੇਗੀ । ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਵਿੱਚ ਕੋਈ ਦਾਖਲਾ ਟਿਕਟ ਨਹੀਂ ਏ ।

---------------------------------------------------------

ਥਾਈਲੈਂਡ ਵਿੱਚ, ਚੱਲ ਰਹੇ ਪੈਰਾ-ਤੀਰ ਅੰਦਾਜ਼ੀ ਏਸ਼ੀਆ ਕੱਪ ਵਿੱਚ, ਭਾਰਤੀ ਪੈਰਾ-ਤੀਰਅੰਦਾਜ਼ਾਂ ਨੇ ਅੱਜ ਰਿਕਰਵ ਓਪਨ ਅਤੇ ਕੰਪਾਊਂਡ ਓਪਨ ਮਿਕਸਡ ਟੀਮ ਮੁਕਾਬਲਿਆਂ ਵਿੱਚ ਦੋ ਹੋਰ ਸੋਨੇ ਦੇ ਤਮਗੇ ਜਿੱਤੇ

ਨੇ । ਇਸ ਨਾਲ, ਭਾਰਤ ਨੇ ਹੁਣ ਤੱਕ, 4 ਸੋਨੇ ਦੇ ਅਤੇ 2 ਚਾਂਦੀ ਦੇ ਤਮਗਿਆਂ ਸਮੇਤ ਕੁੱਲ 6 ਤਮਗੇ ਹਾਸਿਲ ਕੀਤੇ ਨੇ। ਰਿਕਰਵ ਓਪਨ ਮਿਕਸਡ ਟੀਮ ਮੁਕਾਬਲੇ ਵਿੱਚ, ਹਰਵਿੰਦਰ ਸਿੰਘ ਅਤੇ ਪੂਜਾ ਨੇ ਇੰਡੋਨੇਸ਼ੀਆ ਦੇ ਮਹਦਾ ਔਲੀਯਾ ਅਤੇ ਖੋਲਿਦੀਨ ਨੂੰ 5-4 ਨਾਲ ਹਰਾ ਕੇ ਸੋਨੇ ਦਾ ਤਮਗਾ ਜਿੱਤਿਆ। ਕੰਪਾਊਂਡ ਓਪਨ ਮਿਕਸਡ ਟੀਮ ਮੁਕਾਬਲੇ ਵਿੱਚ, ਸ਼ਿਆਮ ਸੁੰਦਰ ਸਵਾਮੀ ਅਤੇ ਸਰਿਤਾ ਨੇ ਇੰਡੋਨੇਸ਼ੀਆ ਦੇ ਕੇਨ ਸਵਾਗੁ-ਮਿਲਾਂਗ ਅਤੇ ਟਿਓਡੋਰਾ ਔਡੀ ਅਯੁਧਿਆ ਫੇਰੇਲੀ ਨੂੰ 150-148 ਨਾਲ ਹਰਾ ਕੇ ਜਿੱਤ ਦਰਜ ਕੀਤੀ।

---

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ 'ਪਰੀਕਸ਼ਾ ਪੇ ਚਰਚਾ "ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨਾਲ ਗੱਲਬਾਤ ਕਰਨਗੇ।
- ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ, ਕੇਂਦਰ ਨੂੰ ਪੰਜਾਬ ਵਿੱਚ ਅਨੁਸੂਚਿਤ ਜਾਤੀਆਂ ਲਈ ਭਲਾਈ ਯੋਜਨਾਵਾਂ ਨੂੰ ਹੋਰ ਮਜ਼ਬੂਤ ਕਰਨ ਦੀ ਕੀਤੀ ਅਪੀਲ ।

- ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬੀ ਨੌਜਵਾਨਾਂ ਨੂੰ, ਗਲਤ ਰਸਤਿਆਂ ਜਰੀਏ ਵਿਦੇਸ਼ਾਂ ਵਿੱਚ ਜਾਣ ਦੀ ਕੋਸ਼ਿਸ਼, ਨਾ ਕਰਨ ਦੀ ਅਪੀਲ ਕੀਤੀ ਏ ।
- ਪੰਜਾਬ ਸਰਕਾਰ ਨੇ ਸੂਬੇ ਦੇ 15 ਬਿਰਧ ਘਰਾਂ ਲਈ ਵਿੱਤੀ ਸਾਲ 2024-25 ਵਾਸਤੇ, 4 ਕਰੋੜ 21 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ।
- ਥਾਈਲੈਂਡ ਵਿੱਚ, ਚੱਲ ਰਹੇ ਪੈਰਾ-ਤੀਰ ਅੰਦਾਜ਼ੀ ਏਸ਼ੀਆ ਕੱਪ 'ਚ, ਭਾਰਤੀ ਪੈਰਾ-ਤੀਰਅੰਦਾਜ਼ਾਂ ਨੇ ਅੱਜ ਰਿ-ਕਰਵ ਓਪਨ ਅਤੇ ਕੰਪਾਊਂਡ ਓਪਨ ਮਿਕਸਡ ਟੀਮ ਮੁਕਾਬਲਿਆਂ ਵਿੱਚ, ਦੋ ਸੋਨ ਤਮਗੇ ਜਿੱਤੇ